ਨੰ: FD-FP-10CC(COCP)/10/2025-3FP1/1214672

ਪੰਜਾਬ ਸਰਕਾਰ

ਵਿੱਤ ਵਿਭਾਗ

(ਵਿੱਤ ਪ੍ਰਸੋਨਲ-1 ਸ਼ਾਖਾ)

ਮਿਤੀ, ਚੰਡੀਗੜ੍ਹ: 03 ਅਕਤੂਬਰ, 2025

ਸੇਵਾ ਵਿਖੇ,

ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ,
ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਡਵੀਜ਼ਨਾਂ ਦੇ ਕਮਿਸ਼ਨਰ,
ਸਮੂਹ ਜਿਲ੍ਹਾ ਤੇ ਸੈਸ਼ਨਜ਼ ਜੱਜ,
ਸਮੂਹ ਡਿਪਟੀ ਕਮਿਸ਼ਨਰਜ਼,
ਸਮੂਹ ਸਬ ਡਵੀਜਨਲ ਮਜਿਸਟ੍ਰੇਟ ਅਤੇ
ਸਕੱਤਰ, ਪੰਜਾਬ ਵਿਧਾਨ ਸਭਾ ਸਕੱਤਰੇਤ।

ਵਿਸ਼ਾ:- ਸਿਵਲ ਰਿੱਟ ਪਟੀਸ਼ਨ 15896 ਆਫ 2023- ਸੌਰਭ ਸ਼ਰਮਾ ਬਨਾਮ ਪੰਜਾਬ ਸਰਕਾਰ ਵਿੱਚ ਹੋਏ ਫੈਸਲੇ ਦੇ ਅਧਾਰ ਤੇ ਡਿਸਪੋਜ਼ ਆਫ ਹੋਏ/ਹੋ ਰਹੇ ਕੋਰਟ ਕੇਸਾ ਵਿੱਚ ਮਾਨਯੋਗ ਕੋਰਟ ਦੇ ਹੁਕਮਾਂ ਨੂੰ ਲਾਗੂ ਕਰਨ ਸਬੰਧੀ।

ਸ੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਸਬੰਧੀ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਜਿੱਥੋਂ ਤੱਕ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਸਿਵਲ ਰਿਟ ਪਟੀਸਨ ਨੰਬਰ 15896 ਆਫ 2023 ਵਿੱਚ ਮਿਤੀ 13-9-2024 ਨੂੰ ਦਿੱਤੇ ਫੈਸਲੇ ਅਤੇ ਉਸ ਦੇ ਅਧਾਰ ਤੇ ਡਿਸਪੋਜ਼ ਆਫ ਹੋਏ/ਹੋ ਰਹੇ ਕੇਸਾਂ ਵਿੱਚ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਫੈਸਲਿਆਂ ਨੂੰ ਲਾਗੂ ਕਰਨ ਦਾ ਸਬੰਧ ਹੈ, ਇਹਨਾਂ ਕੋਰਟ ਕੇਸਾਂ ਵਿੱਚ ਸਮੂਹ ਪ੍ਰਬੰਧਕੀ ਵਿਭਾਗ ਆਪਣੇ ਵਿਭਾਗਾਂ ਵਿੱਚ ਦਾਇਰ ਸਿਵਲ ਰਿੱਟ ਪਟੀਸਨਾਂ ਦੇ ਪਟੀਸ਼ਨਰਾਂ ਨੂੰ ਉਹਨਾਂ ਦੀ ਨਿਯੁਕਤੀ ਸਮੇਂ ਉਹਨਾਂ ਦੇ ਵਿਭਾਗੀ ਸੇਵਾ ਨਿਯਮਾਂ ਵਿੱਚ ਦਰਜ ਸਕੇਲਾਂ ਅਨੁਸਾਰ ਤਨਖਾਹ ਫਿਕਸ ਕਰਨ ਸਬੰਧੀ ਅਗਲੇਰੀ ਕਾਰਵਾਈ ਕੀਤੀ ਜਾਵੇ।

2. ਸਮੂਹ ਪ੍ਰਬੰਧਕੀ ਵਿਭਾਗਾਂ ਨੂੰ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜਦੋਂ ਤੱਕ ਸਰਕਾਰ ਵੱਲੋਂ ਅਜਿਹੇ ਕਰਮਚਾਰੀਆਂ ਦੀ further ਪੇਅ ਫਿਕਸੇਸ਼ਨ/ਪੇਅ ਸਕੇਲਾਂ ਸਬੰਧੀ ਕੋਈ ਹਦਾਇਤਾਂ/ਨੋਟੀਫਿਕੇਸ਼ਨ ਜਾਰੀ ਨਹੀ ਕੀਤੀ ਜਾਂਦੀਆਂ, ਉਦੋਂ ਤੱਕ ਅਜਿਹੇ ਕਰਮਚਾਰੀਆਂ ਨੂੰ ਮਾਨਯੋਗ ਅਦਾਲਤ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਵਿਭਾਗੀ ਸੇਵਾ ਨਿਯਮਾਂ ਵਿੱਚ ਦਰਜ਼ ਪੇਅ ਸਕੇਲਾਂ ਵਿੱਚ ਹੀ ਬਣਦੀ ਤਨਖਾਹ ਦੇਣ ਲਈ ਲੋੜੀਂਦੀ ਕਾਰਵਾਈ ਕੀਤੀ ਜਾਵੇ।

3. ਇਹ ਹਦਾਇਤਾਂ ਸਮਰੱਥ ਅਥਾਰਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤੀ ਜਾਂਦੀਆਂ ਹਨ।

4. ਇਹਨਾਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਨੀ ਪ੍ਰਬੰਧਕੀ ਵਿਭਾਗਾਂ ਵੱਲੋਂ ਯਕੀਨੀ ਬਣਾਈ ਜਾਵੇ।

(ਜਤਿੰਦਰ ਕੁਮਾਰ)
ਉੱਪ ਸਕੱਤਰ, ਵਿੱਤ

ਪਿੱਠ ਅੰਕਣ ਨੰ: FD-FP-10CC(COCP)/10/2025-3FP1/1214672 ਮਿਤੀ, ਚੰਡੀਗੜ੍ਹ:03-10-25

(1) ਪ੍ਰਮੁੱਖ ਮਹਾਂਲੇਖਾਕਾਰ (ਆਡਿਟ) ਪੰਜਾਬ, ਚੰਡੀਗੜ੍ਹ।

(2) ਪ੍ਰਮੁੱਖ ਮਹਾਂਲੇਖਾਕਾਰ (ਲੇਖਾ ਤੇ ਹੱਕਦਾਰੀ) ਪੰਜਾਬ, ਚੰਡੀਗੜ੍ਹ।

ਸੁਪਰਡੰਟ

ਪਿੱਠ ਅੰਕਣ ਨੰ: FD-FP-10CC(COCP)/10/2025-3FP1/1214672 ਮਿਤੀ, ਚੰਡੀਗੜ੍ਹ:03-10-25

ਇਸ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

(1) ਵਿਸ਼ੇਸ਼ ਪ੍ਰਮੁੱਖ ਸਕੱਤਰ/ਮੁੱਖ ਮੰਤਰੀ, ਪੰਜਾਬ, ਚੰਡੀਗੜ੍ਹ।

(2) ਸਕੱਤਰ/ਵਿੱਤ ਮੰਤਰੀ, ਪੰਜਾਬ, ਚੰਡੀਗੜ੍ਹ।

(3) ਸਕੱਤਰ/ਮੁੱਖ ਸਕੱਤਰ, ਪੰਜਾਬ, ਚੰਡੀਗੜ੍ਹ।

(4) ਨਿੱਜੀ ਸਕੱਤਰ/ਵਧੀਕ ਮੁੱਖ ਸਕੱਤਰ, ਵਿੱਤ ਵਿਭਾਗ।

ਸੁਪਰਡੰਟ

ਪਿੱਠ ਅੰਕਣ ਨੰ: FD-FP-10CC(COCP)/10/2025-3FP1/1214672 ਮਿਤੀ, ਚੰਡੀਗੜ੍ਹ:03-10-25

ਇਸ ਦਾ ਇੱਕ ਉਤਾਰਾ ਰਾਜ ਦੇ ਸਮੂਹ ਜਿਲ੍ਹਾ ਖਜ਼ਾਨਾ ਅਫਸਰਾਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ